ਬਿਲਾਵਲੁ ਮਹਲਾ ੫ ॥ ਬਿਨੁ ਭੈ ਭਗਤੀ ਤਰਨੁ ਕੈਸੇ ॥ ਕਰਹੁ ਅਨੁਗ੍ਰਹੁ ਪਤਿਤ ਉਧਾਰਨ ਰਾਖੁ ਸੁਆਮੀ ਆਪ ਭਰੋਸੇ ॥੧॥ ਰਹਾਉ ॥ ਸਿਮਰਨੁ ਨਹੀ ਆਵਤ ਫਿਰਤ ਮਦ ਮਾਵਤ ਬਿਖਿਆ ਰਾਤਾ ਸੁਆਨ ਜੈਸੇ ॥ ਅਉਧ ਬਿਹਾਵਤ ਅਧਿਕ ਮੋਹਾਵਤ ਪਾਪ ਕਮਾਵਤ ਬੁਡੇ ਐਸੇ ॥ ੧॥ ਸਰਨਿ ਦੁਖ ਭੰਜਨ ਪੁਰਖ ਨਿਰੰਜਨ ਸਾਧੂ ਸੰਗਤਿ ਰਵਣੁ ਜੈਸੇ ॥ ਕੇਸਵ ਕਲੇਸ ਨਾਸ ਅਘ ਖੰਡਨ ਨਾਨਕ ਜੀਵਤ ਦਰਸ ਦਿਸੇ ॥੨॥੯॥੧੨੫॥ {ਪੰਨਾ 829}

ਪਦਅਰਥ:- ਭੈ ਬਿਨੁ—(ਸੰਬੰਧਕ 'ਬਿਨੁ' ਦੇ ਕਾਰਨ ਲਫ਼ਜ਼ 'ਭਉ' ਤੋਂ 'ਭੈ' ਬਣ ਗਿਆ ਹੈ} ਡਰ-ਅਦਬ ਤੋਂ ਬਿਨਾ। ਤਰਨੁ—ਸੰਸਾਰ-ਸਮੁੰਦਰ ਤੋਂ ਪਾਰ-ਉਤਾਰਾ। ਕੈਸੇ—ਕਿਵੇਂ? ਅਨੁਗ੍ਰਹੁ—ਦਇਆ, ਕਿਰਪਾ। ਪਤਿਤ ਉਧਾਰਨ—ਹੇ ਵਿਕਾਰੀਆਂ ਨੂੰ ਬਚਾਣ ਵਾਲੇ! ਸੁਆਮੀ—ਹੇ ਮਾਲਕ! ਆਪ ਭਰੋਸੇ—ਆਪ ਦੇ ਆਸਰੇ, ਤੇਰੇ ਆਸਰੇ। ਰਾਖ—ਮਦਦ ਕਰ।1। ਰਹਾਉ।

ਨਹੀ ਆਵਤ—ਨਹੀਂ ਆਉਂਦਾ, ਜਾਚ ਨਹੀਂ। ਮਦ—ਨਸ਼ਾ। ਮਾਵਤ—ਮਸਤ। ਬਿਖਿਆ—ਮਾਇਆ। ਰਾਤਾ—ਰੰਗਿਆ ਹੋਇਆ, ਮਗਨ। ਸੁਆਨ ਜੈਸੇ—ਜਿਵੇਂ ਕੁੱਤਾ (ਭਟਕਦਾ ਫਿਰਦਾ ਹੈ)। ਅਉਧ—ਉਮਰ। ਅਧਿਕ—ਬਹੁਤ। ਮੋਹਾਵਤ—ਠੱਗਿਆ ਜਾਂਦਾ ਹੈ। ਬੁਡੇ—ਡੁੱਬਦੇ ਜਾਂਦੇ ਹਨ। ਐਸੇ—ਇਉਂ।1।

ਦੁਖ ਭੰਜਨ—ਹੇ ਦੁੱਖਾਂ ਦੇ ਨਾਸ ਕਰਨ ਵਾਲੇ! ਪੁਰਖ—ਹੇ ਸਰਬ-ਵਿਆਪਕ! ਨਿਰੰਜਨ—ਹੇ ਮਾਇਆ ਦੇ ਪ੍ਰਭਾਵ ਤੋਂ ਪਰੇ! ਰਵਣੁ—ਸਿਮਰਨ। ਜੈਸੇ—ਜਿਵੇਂ ਹੋ ਸਕੇ। ਕੇਸਵ—ਹੇ ਕੇਸ਼ਵ! ਹੇ ਸੋਹਣੇ ਕੇਸਾਂ ਵਾਲੇ {ky_w: pR_ÔXw: siNq AÔX}। ਕਲੇਸ ਨਾਸ—ਹੇ ਕਲੇਸ਼ਾਂ ਦੇ ਨਾਸ ਕਰਨ ਵਾਲੇ! ਅਘ ਖੰਡਨ—ਹੇ ਪਾਪਾਂ ਦੇ ਨਾਸ ਕਰਨ ਵਾਲੇ! ਦਿਸੇ—ਦਿੱਸਿਆਂ।2।

ਅਰਥ:- ਹੇ ਭਾਈ! ਪਰਮਾਤਮਾ ਦਾ ਡਰ-ਅਦਬ ਮਨ ਵਿਚ ਵਸਾਣ ਤੋਂ ਬਿਨਾ, ਭਗਤੀ ਕਰਨ ਤੋਂ ਬਿਨਾ ਸੰਸਾਰ-ਸਮੁੰਦਰ ਤੋਂ ਪਾਰ-ਉਤਾਰਾ ਨਹੀਂ ਹੋ ਸਕਦਾ। ਹੇ ਵਿਕਾਰੀਆਂ ਨੂੰ ਵਿਕਾਰਾਂ ਤੋਂ ਬਚਾਣ ਵਾਲੇ ਸੁਆਮੀ! (ਮੇਰੇ ਉਤੇ) ਮੇਹਰ ਕਰ, ਮੈਨੂੰ (ਇਹਨਾਂ ਵਿਕਾਰਾਂ ਤੋਂ) ਬਚਾਈ ਰੱਖ, ਮੈਂ ਤੇਰੇ ਹੀ ਆਸਰੇ ਹਾਂ।1। ਰਹਾਉ।

(ਹੇ ਪ੍ਰਭੂ! ਤੇਰੀ ਮੇਹਰ ਤੋਂ ਬਿਨਾ ਜੀਵ ਨੂੰ ਤੇਰਾ) ਸਿਮਰਨ ਕਰਨ ਦੀ ਜਾਚ ਨਹੀਂ ਆਉਂਦੀ, ਮਾਇਆ ਦੇ ਨਸ਼ੇ ਵਿਚ ਮਸਤ ਭਟਕਦਾ ਹੈ, ਮਾਇਆ (ਦੇ ਰੰਗ) ਵਿਚ ਰੰਗਿਆ ਹੋਇਆ ਜੀਵ ਇਉਂ ਫਿਰਦਾ ਹੈ ਜਿਵੇਂ (ਹਲਕਿਆ) ਕੁੱਤਾ। ਹੇ ਪ੍ਰਭੂ! ਜਿਉਂ ਜਿਉਂ ਉਮਰ ਬੀਤਦੀ ਹੈ, ਜੀਵ (ਵਿਕਾਰਾਂ ਦੀ ਹੱਥੀਂ) ਵਧੀਕ ਲੁੱਟੇ ਜਾਂਦੇ ਹਨ, ਬੱਸ! ਇਉਂ ਹੀ ਪਾਪ ਕਰਦੇ ਕਰਦੇ ਸੰਸਾਰ-ਸਮੁੰਦਰ ਵਿਚ ਡੁੱਬਦੇ ਜਾਂਦੇ ਹਨ।1।

ਹੇ ਨਾਨਕ! (ਆਖ—) ਹੇ ਦੁੱਖਾਂ ਦੇ ਨਾਸ ਕਰਨ ਵਾਲੇ! ਹੇ ਸਰਬ ਵਿਆਪਕ! ਹੇ ਮਾਇਆ ਦੇ ਪ੍ਰਭਾਵ ਤੋਂ ਪਰੇ ਰਹਿਣ ਵਾਲੇ! (ਮੇਹਰ ਕਰ, ਤਾ ਕਿ) ਜਿਵੇਂ ਭੀ ਹੋ ਸਕੇ (ਤੇਰਾ ਦਾਸ) ਸਾਧ ਸੰਗਤਿ ਵਿਚ (ਟਿਕ ਕੇ ਤੇਰਾ) ਸਿਮਰਨ ਕਰਦਾ ਰਹੇ। ਹੇ ਕੇਸ਼ਵ! ਹੇ ਕਲੇਸ਼ਾਂ ਦੇ ਨਾਸ ਕਰਨ ਵਾਲੇ! ਹੇ ਪਾਪਾਂ ਦੇ ਨਾਸ ਕਰਨ ਵਾਲੇ! (ਤੇਰਾ ਦਾਸ) ਨਾਨਕ ਤੇਰਾ ਦਰਸਨ ਕਰ ਕੇ ਹੀ ਆਤਮਕ ਜੀਵਨ ਹਾਸਲ ਕਰਦਾ ਹੈ।2।9। 125।